15ਵੀਂ ਵਿਧਾਨ ਸਭਾ
ਵਿਸ਼ੇਸ਼ (ਨੌਵਾਂ) ਸਮਾਗਮ

ਪੰਜਾਬ ਵਿਧਾਨ ਸਭਾ ਸਕੱਤਰੇਤ
(ਵਿਧਾਨ ਸ਼ਾਖਾ)

ਨੰ: 55-ਐਲ ਏ-2019/ 15626

ਨੋਟਿਸ ਪ੍ਰਾਪਤ ਹੋਇਆ ਹੈ ਕਿ ਨਿਮਨਲਿਖਤ ਮਤਾ ਮੰਗਲਵਾਰ, 26 ਨਵੰਬਰ, 2019 ਨੂੰ ਸੰਸਦੀ ਮਾਮਲਿਆਂ ਦੇ ਮੰਤਰੀ ਦੁਆਰਾ ਪੇਸ਼ ਕੀਤਾ ਜਾਵੇਗਾ ਕਿ:-

"ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦਾ ਚਾਲੂ ਵਿਸ਼ੇਸ਼ (ਨੌਵਾਂ) ਸਮਾਗਮ ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

ਚੰਡੀਗੜ੍ਹ:
25 ਨਵੰਬਰ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ।

ਸੇਵਾ ਵਿਚ

ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ ।

---

ਨੰ: 55-ਐਲ-ਏ.-2019/........15627........,ਮਿਤੀ ਚੰਡੀਗੜ੍ਹ, 25 ਨਵੰਬਰ, 2019

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ;
2. ਸਾਰੇ ਵਧੀਕ ਮੁੱਖ ਸਕੱਤਰ/ਵਿੱਤ ਕਮਿਸ਼ਨਰ/ਪ੍ਰਮੁੱਖ ਸਕੱਤਰ/ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ; ਅਤੇ
3. ਪ੍ਰਮੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ (ਚਾਰ ਵਾਧੂ ਕਾਪੀਆਂ ਸਮੇਤ)।

ਸੁਪਰਡੰਟ,
ਵਾਸਤੇ ਸਕੱਤਰ ।

Superintendent
Punjab Vidhan Sabha
Chandigarh

Scanned by CamScanner

15ਵੀਂ ਵਿਧਾਨ ਸਭਾ
ਵਿਸ਼ੇਸ਼ (ਨੌਵਾਂ) ਸਮਾਗਮ

## ਪੰਜਾਬ ਵਿਧਾਨ ਸਭਾ ਸਕੱਤਰੇਤ
(ਵਿਧਾਨ ਸ਼ਾਖਾ)

ਨੰ: 15-ਐਲ ਏ-2019/ 15628

ਸੰਸਦੀ ਮਾਮਲਿਆਂ ਦੇ ਮੰਤਰੀ ਵੱਲੋਂ ਨੋਟਿਸ ਪ੍ਰਾਪਤ ਹੋਇਆ ਹੈ ਕਿ ਨਿਮਨਲਿਖਤ ਮਤਾ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ (ਨੌਵੇਂ) ਸਮਾਗਮ ਦੀ ਵਿਸ਼ੇਸ਼ ਬੈਠਕ ਦੇ ਦੌਰਾਨ ਪੇਸ਼ ਕੀਤਾ ਜਾਵੇਗਾ:-

"ਅੱਜ 26 ਨਵੰਬਰ, 2019 ਨੂੰ ਇਹ ਪਵਿੱਤਰ ਸਦਨ ਭਾਰਤੀ ਸੰਵਿਧਾਨ ਨੂੰ ਅਪਨਾਉਣ ਅਤੇ ਇਸਦੀ ਯਾਦਗਾਰ ਨੂੰ ਸੰਵਿਧਾਨ ਦਿਵਸ ਵਜੋਂ ਕੌਮੀ ਪੱਧਰ ਤੇ ਮਨਾਉਣ ਅਤੇ ਬਾਬਾ ਸਾਹਿਬ ਡਾ.ਭੀਮਰਾਓ ਅੰਬੇਦਕਰ ਦੇ ਵੱਡਮੁੱਲੇ ਯੋਗਦਾਨ ਅਤੇ ਸੰਵਿਧਾਨ ਦੇ ਹੋਰ ਬਾਨੀ ਮੈਬਰਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਇਆ ਹੈ। 26 ਨਵੰਬਰ, 1949 ਨੂੰ ਭਾਰਤ ਦੀ ਸੰਵਿਧਾਨ ਸਭਾ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਇਆ ਜੋ ਕਿ ਪੂਰਨ ਤੌਰ ਤੇ 26 ਜਨਵਰੀ, 1950 ਨੂੰ ਲਾਗੂ ਕੀਤਾ ਗਿਆ।

ਭਾਰਤ ਸਰਕਾਰ ਦੇ ਨਕਸ਼ੇ ਕਦਮਾਂ ਤੇ, ਸੰਵਿਧਾਨ ਨੂੰ ਅਪਨਾਏ ਜਾਣ ਦੀ 70ਵੀਂ ਵਰ੍ਹੇਗੰਢ ਤੇ ਪੰਜਾਬ ਰਾਜ ਸੰਵਿਧਾਨ ਦੇ ਇਕ ਅਤਿ ਮਹੱਤਵਪੂਰਣ ਢਾਂਚੇ ਅਰਥਾਤ "ਮੌਲਿਕ ਕਰਤੱਵਾਂ" ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਧਿਆਨ ਕੇਂਦਰਿਤ ਹੋਈ ਇੱਕ ਰਾਜ ਪੱਧਰੀ ਮੁਹਿੰਮ ਚਲਾਏਗਾ। ਇਹ 26 ਨਵੰਬਰ, 2019 ਨੂੰ ਆਰੰਭ ਹੋਵੇਗੀ ਅਤੇ 14 ਅਪ੍ਰੈਲ, 2020 ਅਰਥਾਤ ਬਾਬਾ ਸਾਹਿਬ ਅੰਬੇਦਕਰ ਜੀ ਦੀ ਜਨਮ ਵ੍ਹਰੇਗੰਢ ਵਾਲੇ ਦਿਨ ਆਪਣੇ ਸਿਖਰ ਤੇ ਪਹੁੰਚੇਗੀ ਜਿਸ ਨੂੰ ਕਿ "ਸਮਰਸਤਾ ਦਿਵਸ" ਦੇ ਤੌਰ ਤੇ ਮਨਾਇਆ ਜਾਂਦਾ ਹੈ।

ਇਹ ਸਦਨ ਇਸ ਤਰ੍ਹਾਂ ਸਾਡੇ ਸੰਵਿਧਾਨ ਵਿੱਚ ਦਰਜ ਮੌਲਿਕ ਕਰਤੱਵਾਂ ਲਈ ਆਪਣੀ ਪ੍ਰਤੀਬੱਧਤਾ ਦੀ ਮੁੜ-ਪ੍ਰੋੜਤਾ ਦਾ ਸੰਕਲਪ ਕਰਦਾ ਹੈ। ਪੰਜਾਬ ਸਰਕਾਰ ਅਤੇ ਰਾਜ ਦੇ ਲੋਕ ਆਪਣੇ ਦੇਸ਼ ਅਤੇ ਆਪਣੇ ਸਾਥੀ ਨਾਗਰਿਕਾਂ ਪ੍ਰਤੀ ਆਪਣੇ ਕਰਤੱਵ ਪੂਰਾ ਕਰਨ ਸਬੰਧੀ ਸਾਕਾਰਾਤਮਕ ਅਤੇ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣਗੇ।"

ਚੰਡੀਗੜ੍ਹ:
25 ਨਵੰਬਰ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ।

ਸੇਵਾ ਵਿਚ

ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ ।

---

ਨੰ: 15-ਐਲ-ਏ.-2019/........15629.......,ਮਿਤੀ ਚੰਡੀਗੜ੍ਹ, 25 ਨਵੰਬਰ, 2019

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ (ਚਾਰ ਵਾਧੂ ਕਾਪੀਆਂ ਸਮੇਤ); ਅਤੇ
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ, ਚੰਡੀਗੜ੍ਹ।

Superintendent
Punjab Vidhan Sabha
Chandigarh

ਸੁਪਰਡੰਟ,
ਵਾਸਤੇ ਸਕੱਤਰ ।

Scanned by CamScanner